# ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ
## (ਰਜਿਸਟਰਾਰ ਦਫ਼ਤਰ)

ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/446 ਮਿਤੀ: 02.06.2026

## ਦਫ਼ਤਰੀ ਹੁਕਮ

**ਵਿਸ਼ਾ: ਅਕਾਦਮਿਕ ਸੈਸ਼ਨ 2026-27 ਦੇ ਦਾਖਲਿਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਯੂਨੀਵਰਸਿਟੀ ਮੇਨ ਕੈਂਪਸ ਅਤੇ ਹੋਰਨਾਂ ਕੌਂਸਟੀਚੂਐਂਟ ਕੈਂਪਸਾਂ ਦਾ ਸਮਾਂ ਮੁੜ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਕਰਨ ਸੰਬੰਧੀ।**

ਆਈ.ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਮੇਨ ਕੈਂਪਸ ਅਤੇ ਹੋਰਨਾਂ ਕੌਂਸਟੀਚੂਐਂਟ ਕੈਂਪਸਾਂ ਵਿੱਚ ਵੱਖ-ਵੱਖ ਵਿਭਾਗਾਂ ਨਾਲ ਸੰਬੰਧਤ ਅੰਡਰ ਗ੍ਰੈਜੂਏਟ/ਪੋਸਟ ਗ੍ਰੈਜੂਏਟ ਕੋਰਸਾਂ ਦੇ ਦਾਖਲੇ ਦੀ ਪ੍ਰਕਿਰਿਆ ਚੱਲ ਰਹੀ ਹੈ। ਵਿਦਿਆਰਥੀਆਂ ਜਾਂ ਉਨ੍ਹਾਂ ਦੇ ਮਾਪਿਆਂ/ਗਾਰਡੀਅਨ ਵੱਲੋਂ ਦਾਖਲਾ ਲੈਣ ਵਾਲੇ ਕੋਰਸ ਨਾਲ ਸੰਬੰਧਤ ਵਿਭਾਗ ਵਿੱਚ ਵਧੇਰੇ ਜਾਣਕਾਰੀ ਲੈਣ ਲਈ ਯੂਨੀਵਰਸਿਟੀ ਦੇ ਸੰਬੰਧਤ ਵਿਭਾਗ ਵਿੱਚ ਵਿਜ਼ਟ ਕੀਤਾ ਜਾਂਦਾ ਹੈ। ਯੂਨੀਵਰਸਿਟੀ ਦੇ ਸਮੇਂ ਵਿੱਚ ਤਬਦੀਲੀ ਹੋਣ ਕਰਕੇ ਉਨ੍ਹਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਉਪਰੋਕਤ ਨੂੰ ਧਿਆਨ ਵਿੱਚ ਰੱਖਦੇ ਹੋਏ ਆਈ.ਕੇ. ਗਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦੇ ਮੇਨ ਕੈਂਪਸ ਅਤੇ ਹੋਰਨਾਂ ਕੌਂਸਟੀਚੂਐਂਟ ਕੈਂਪਸਾਂ ਦਾ ਵਿਭਾਗੀ ਸਮਾਂ ਤੁਰੰਤ ਪ੍ਰਭਾਵ ਤੋਂ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗਾ।

ਇਹ ਦਫ਼ਤਰੀ ਹੁਕਮ ਮਾਣਯੋਗ ਉਪ-ਕੁਲਪਤੀ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਗਿਆ ਹੈ।

**(ਡਾ. ਨਵਦੀਪਕ ਸੰਧੂ)**
ਰਜਿਸਟਰਾਰ

ਪਿੱਠ ਅੰ:ਨੰ:ਆਈ.ਕੇ.ਜੀ.ਪੀ.ਟੀ.ਯੂ./ਰਜਿ./ਦਹ/447-451 ਮਿਤੀ: 02.06.2026

ਇਸ ਦਾ ਇੱਕ ਉਤਾਰਾ ਹੇਠ ਲਿਖੇ ਅਧਿਕਾਰੀਆਂ ਨੂੰ ਜਾਣਕਾਰੀ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਸਕੱਤਰ, ਉਪ-ਕੁਲਪਤੀ: ਮਾਣਯੋਗ ਉਪ-ਕੁਲਪਤੀ ਜੀ ਦੀ ਜਾਣਕਾਰੀ ਹਿੱਤ।
2. ਸਮੂਹ ਵਿਭਾਗ ਮੁਖੀ (ਟੀਚਿੰਗ ਅਤੇ ਨਾਨ-ਟੀਚਿੰਗ)
3. ਸਮੂਹ ਡਾਇਰੈਕਟਰ (ਆਈ.ਕੇ.ਜੀ.ਪੀ.ਟੀ.ਯੂ. ਦੇ ਕੌਂਸਟੀਚੂਐਂਟ ਕੈਂਪਸ)
4. ਸਮੂਹ ਡਾਇਰੈਕਟਰ/ਪ੍ਰਿੰਸੀਪਲ (ਆਈ.ਕੇ.ਜੀ.ਪੀ.ਟੀ.ਯੂ. ਦੇ ਮਾਨਤਾ ਪ੍ਰਾਪਤ/ਖੁਦਮੁਖਤਿਆਰੀ ਕਾਲਜ)
5. ਇੰਚਾਰਜ (ਆਈ.ਟੀ.ਐਸ.): ਵੈੱਬਸਾਈਟ ’ਤੇ ਅਪਲੋਡ ਕਰਵਾਉਣ ਹਿੱਤ।

**(ਡਾ. ਨਵਦੀਪਕ ਸੰਧੂ)**
ਰਜਿਸਟਰਾਰ